**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10 Pm**

**ਮਿਤੀ: 27-07-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਕੱਲ੍ਹ ਸਵੇਰੇ 11 ਵਜੇ ਆਕਾਸ਼ਵਾਣੀ 'ਤੇ, 'ਮਨ ਕੀ ਬਾਤ' ਪ੍ਰੋਗਰਾਮ ਵਿੱਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ, ਆਪਣੇ ਵਿਚਾਰ ਸਾਂਝੇ ਕਰਨਗੇ । ਇਸ ਮਹੀਨੇਵਾਰ ਰੇਡੀਓ ਪ੍ਰੋਗਰਾਮ ਦੀ ਇਹ 112ਵੀਂ ਕੜੀ ਹੋਵੇਗੀ । ਇਹ ਪ੍ਰੋਗਰਾਮ, ਆਕਾਸ਼ਵਾਣੀ ਅਤੇ ਦੂਰਦਰਸ਼ਨ ਦੇ ਪੂਰੇ ਨੈਟਵਰਕਾਂ, AIR ਨਿਊਜ਼ ਵੈੱਬਸਾਈਟ ਅਤੇ NEWS ON AIR ਮੋਬਾਈਲ ਐਪ 'ਤੇ ਪ੍ਰਸਾਰਿਤ ਕੀਤਾ ਜਾਵੇਗਾ । ਇਸ ਪ੍ਰੋਗਰਾਮਾਂ ਦਾ ਆਕਾਸ਼ਵਾਣੀ ਨਿਊਜ਼, ਡੀ ਡੀ ਨਿਊਜ਼, ਪ੍ਰਧਾਨ ਮੰਤਰੀ ਦਫਤਰ ਅਤੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੇ ਯੂ ਟਿਊਬ ਚੈਨਲਾਂ 'ਤੇ ਵੀ ਸਿੱਧਾ ਪ੍ਰਸਾਰਣ ਕੀਤਾ ਜਾਵੇਗਾ । ਹਿੰਦੀ ਪ੍ਰਸਾਰਣ ਤੋਂ ਤੁਰੰਤ ਬਾਅਦ ਆਕਾਸ਼ਵਾਣੀ ਇਸ ਪ੍ਰੋਗਰਾਮ ਨੂੰ ਖੇਤਰੀ ਭਾਸ਼ਾਵਾਂ ਵਿੱਚ ਪ੍ਰਸਾਰਿਤ ਕਰੇਗਾ ।

---

ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ

ਖੁੱਡੀਆਂ ਨੇ, ਕੱਲ ਸ਼੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਦੇ ਭਾਗਸਰ, ਲੱਖੇਵਾਲੀ ਤੇ ਸੰਮੇਵਾਲੀ ਪਿੰਡਾਂ ਵਿਚ ਨਰਮੇ ਦੇ ਖੇਤਾਂ ਦਾ ਜਾਇਜ਼ਾ ਲਿਆ। ਇਸ ਮੌਕੇ ਤੇ ਉਨਾਂ ਕਿਹਾ ਕਿ ਵਿਭਾਗ ਦੇ ਅਧਿਕਾਰੀਆਂ ਨੂੰ ਨਰਮੇ ਦੀ ਫਸਲ ਨੂੰ ਕੀਟਾਂ ਦੇ ਹਮਲੇ ਤੋਂ ਬਚਾਉਣ ਲਈ, ਕਿਸਾਨਾਂ ਦੇ ਖੇਤਾਂ ਤੱਕ ਪਹੁੰਚਣ ਦੀ ਹਦਾਇਤ ਕੀਤੀ ਗਈ ਏ। ਖੇਤੀਬਾੜੀ ਮੰਤਰੀ ਨੇ ਕਿਹਾ ਕਿ ਅਧਿਕਾਰੀਆਂ ਨੂੰ ਪਾਬੰਦ ਕੀਤਾ ਗਿਆ ਏ ਕਿ ਉਹ, ਪਿੰਡ ਪਿੰਡ ਕਿਸਾਨ ਕੈਂਪ ਲਗਾ ਕੇ ਕਿਸਾਨਾਂ ਨੂੰ ਨਰਮੇ ਦੀ ਫਸਲ ਸਬੰਧੀ ਸਾਰੀ ਤਕਨੀਕੀ ਜਾਣਕਾਰੀ ਦੇਣ। ਉਨ੍ਹਾਂ ਕਿਹਾ ਕਿ ਹੁਣ ਖੇਤੀ ਪੂਰੀ ਤਰਾਂ ਵਿਗਿਆਨਕ ਲੀਹਾਂ ਤੇ ਹੋ ਗਈ ਏ ਅਤੇ ਦਵਾਈਆਂ ਦਾ ਅਸਰ ਕੀਟਾਂ ਦੀਆਂ ਵੱਖ ਵੱਖ ਸਟੇਜਾਂ ਤੇ ਵੱਖ ਵੱਖ ਏ। ਇਸ ਲਈ ਕਿਸਾਨ ਵੀ ਵਿਭਾਗ ਤੇ ਖੇਤੀਬਾੜੀ ਯੂਨੀਵਰਸਿਟੀ ਦੀਆਂ ਸਿਫਾਰਸ਼ਾਂ ਅਨੁਸਾਰ ਨਰਮੇ ਦੇ ਕੀਟਾਂ ਦੀ ਰੋਕਥਾਮ ਕਰਨ, ਤਾਂ ਕਾਮਯਾਬੀ ਜ਼ਰੂਰ ਮਿਲੇਗੀ।

---------------------------------------------------

ਏਧਰ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ ਪਟਿਆਲਾ ਵੱਲੋਂ, ਪਿੰਡ ਅਸਰਪੁਰ ਵਿਖੇ ਟਮਾਟਰ ਦੀ ਫਸਲ ਦੀਆਂ ਉਤਪਾਦਨ ਅਤੇ ਪੌਦ ਸੁਰੱਖਿਆ ਤਕਨੀਕਾਂ ਬਾਰੇ ਕਿਸਾਨ ਵਿਗਿਆਨੀ ਮਿਲਣੀ ਕਾਰਵਾਈ ਗਈ। ਇਸ ਵਿਚ ਪਿੰਡ ਅਸਰਪੁਰ, ਜੋਗੀਪੁਰ,

ਫਤਿਹਪੁਰ, ਕਰਤਾਰਪੁਰ ਅਤੇ ਪੂਨੀਆਂ ਦੇ ਤਕਰੀਬਨ 80 ਕਿਸਾਨਾਂ ਨੇ ਸ਼ਿਰਕਤ ਕੀਤੀ। ਕੇਂਦਰ ਦੇ ਇੰਚਾਰਜ ਤੇ ਪ੍ਰੋਫੈਸਰ ਡਾ. ਗੁਰ-ਉਪਦੇਸ਼ ਕੌਰ ਨੇ ਕੇ.ਵੀ.ਕੇ. ਦੀਆਂ ਵੱਖ-ਵੱਖ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ। ਸਬਜ਼ੀ ਬਰੀਡਰ ਡਾ. ਸ਼ੈਲੇਸ਼ ਜਿੰਦਲ ਨੇ, ਕਿਸਾਨਾਂ ਨੂੰ ਪੀ.ਏ.ਯੂ. ਵੱਲੋਂ ਵਿਕਸਿਤ ਕੀਤੀਆਂ ਟਮਾਟਰ ਦੀਆਂ ਸੁਧਰੀਆਂ ਕਿਸਮਾਂ ਅਪਣਾਉਣ ਦਾ ਸੱਦਾ ਦਿੱਤਾ। ਸਬਜ਼ੀਆਂ ਦੇ ਪੌਦਾ ਰੋਗ ਵਿਗਿਆਨੀ ਡਾ. ਅਭਿਸ਼ੇਕ ਨੇ, ਟਮਾਟਰ ਦੀ ਫਸਲ ਤੇ ਹਮਲਾ ਕਰਨ ਵਾਲੇ ਵਿਸ਼ਾਣੂ ਰੋਗਾਂ ਦੀਆਂ ਨਿਸ਼ਾਨੀਆਂ ਅਤੇ ਸੁਚੱਜੀ ਰੋਕਥਾਮ ਦੀਆਂ ਤਕਨੀਕਾਂ ਬਾਰੇ ਚਾਨਣਾ ਪਾਇਆ।

---------------------------------------------------------

ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ, ਸਕੂਲ ਸੰਚਾਲਕਾਂ ਤੋਂ ਲਗਾਤਾਰ ਫੀਸਾਂ ’ਤੇ 18 ਫੀਸਦੀ ਜੀ.ਐਸ.ਟੀ ਵਸੂਲਣ ਦੇ ਹੁਕਮ ਦੀ, ਜ਼ਿਲ੍ਹਾ ਲੁਧਿਆਣਾ BJP ਪ੍ਰਧਾਨ ਰਜਨੀਸ਼ ਧੀਮਾਨ ਅਤੇ ਪ੍ਰੈਸ ਸਕੱਤਰ ਡਾਕਟਰ ਸਤੀਸ਼ ਕੁਮਾਰ ਨੇ, ਸਖਤ ਸ਼ਬਦਾਂ ਵਿਚ ਨਿਖੇਦੀ ਕੀਤੀ ਏ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਉਨ੍ਹਾਂ ਕਿਹਾ ਕਿ ਦੇਸ਼ ਵਿੱਚ, ਜੀ.ਐਸ.ਟੀ ਲਾਗੂ ਹੋਏ 7 ਸਾਲ ਤੋਂ ਵੱਧ ਸਮਾਂ ਹੋ ਗਿਆ ਏ ਪਰ ਅੱਜ ਤੱਕ ਕਿਸੇ ਵੀ ਸਰਕਾਰ ਨੇ, ਸਕੂਲਾਂ ਅਤੇ ਵਿਦਿਆਰਥੀਆਂ ਤੋਂ

ਵਸੂਲੀ ਜਾਣ ਵਾਲੀ ਕਿਸੇ ਵੀ ਫੀਸ 'ਤੇ ਜੀ.ਐਸ.ਟੀ ਨਹੀਂ ਵਸੂਲਿਆ, ਪਰ ਸੂਬਾ ਸਰਕਾਰ ਵੱਲੋਂ ਜਾਰੀ ਇਸ ਫ਼ਰਮਾਨ ਨਾਲ ਸਕੂਲ ਸੰਚਾਲਕਾਂ ਅਤੇ ਬੱਚਿਆਂ ਦੇ ਮਾਪਿਆਂ ਵਿੱਚ ਗੁੱਸੇ ਦੀ ਲਹਿਰ ਏ। ਉਨਾਂ ਕਿਹਾ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਨੇ, 5ਵੀਂ ਅਤੇ 8ਵੀਂ ਜਮਾਤ ਤੱਕ, ਐਫੀਲੀਏਟਿਡ ਸਕੂਲਾਂ ਦੇ ਕੰਟੀ-ਨਯੁਸ਼ਨ ਪਰਫੋਰਮਾ ਵਿੱਚ ਫੀਸ ਨਾਲ, 18 ਫੀਸਦੀ ਜੀ.ਐਸ.ਟੀ ਜਮਾ ਕਰਵਾਓਣ ਦੇ ਹੁਕਮ ਦਾ, ਸੂਬੇ ਵਿੱਚ BJP ਵੱਲੋਂ ਵਿਰੋਧ ਕੀਤਾ ਜਾਵੇਗਾ।

---------------------------------------------------------------

ਜ਼ਿਲਾ ਫਤਿਹਗੜ੍ਹ ਸਾਹਿਬ ਟਰੈਫਿਕ ਪੁਲਿਸ ਨੇ, ਇੱਕ ਨਿਵੇਕਲਾ ਕਾਰਜ ਕਰਦਿਆਂ ਨਾਕਾਬੰਦੀ ਦੌਰਾਨ, ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਦੇ ਚਲਾਨ ਕੱਟਣ ਦੀ ਥਾਂ, ਉਨਾਂ ਨੂੰ ਬੂਟੇ ਦੇ ਕੇ ਜਾਗਰੂਕ ਕੀਤਾ ਤਾਂ ਜੋ ਉਹ ਆਪਣੇ ਘਰ ਜਾ ਕੇ ਵਾਤਾਵਰਨ ਦੀ ਸਾਂਭ ਸੰਭਾਲ ਵਿੱਚ ਯੋਗਦਾਨ ਪਾਉਂਦਿਆਂ ਵਾਤਾਵਰਨ ਨੂੰ ਸ਼ੁੱਧ ਰੱਖ ਸਕਣ। ਟ੍ਰੈਫਿਕ ਪੁਲਿਸ ਇੰਚਾਰਜ ਇੰਦਰਪ੍ਰੀਤ ਸਿੰਘ ਬਡੂੰਗਰ ਨੇ, ਕਿਹਾ ਕਿ ਭਾਵੇਂ ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਦੇ ਰੋਜਾਨਾ ਹੀ ਵੱਡੀ ਗਿਣਤੀ ਵਿੱਚ ਚਲਾਨ ਕੱਟੇ ਜਾਂਦੇ ਨੇ, ਪਰ ਨਿਵੇਕਲਾ ਕਾਰਜ ਕਰਦਿਆਂ, ਚਲਾਨ ਕੱਟਣ ਦੀ ਬਜਾਏ, ਉਨਾਂ ਨੂੰ ਛੋਟੇ ਬੂਟੇ ਦਿੱਤੇ ਗਏ ਤਾਂ ਜੋ ਉਹ ਆਪਣੇ

ਘਰ ਜਾ ਕੇ ਇਹ ਬੂਟੇ ਲਗਾਉਣ ਅਤੇ ਯਾਦ ਰੱਖਣ ਕੇ ਅਸੀਂ ਟਰੈਫਿਕ ਨਿਯਮਾਂ ਦੀ ਉਲੰਘਣਾ ਕੀਤੀ ਸੀ ਤੇ ਅੱਗੋਂ ਉਹ ਭਵਿੱਖ ਵਿੱਚ ਅਜਿਹਾ ਨਹੀਂ ਕਰਨਗੇ।

-----------------------------------------------

ਫਰਾਂਸ ਦੀ ਰਾਜਧਾਨੀ ਪੈਰਿਸ ਵਿਚ ਖੇਡਾਂ ਦੇ ਮਹਾਕੁੰਭ ਓਲੰਪਿਕ ਦੀ ਸ਼ੁਰੂਆਤ, ਬੀਤੀ ਰਾਤ ਸ਼ਾਨਦਾਰ ਰੰਗਾਰੰਗ ਪ੍ਰੋਗਰਾਮ ਨਾਲ ਹੋਈ। ਫਰਾਂਸ ਦੇ ਰਾਸ਼ਟਰਪਤੀ ਇਮੈਨੁਅਲ ਮੈਕਰੋ ਨੇ, ਇਨ੍ਹਾਂ ਖੇਡਾਂ ਦੇ ਸ਼ੁਰੂ ਹੋਣ ਦਾ ਐਲਾਨ ਕੀਤਾ। ਪੈਰਿਸ ਦੀ ਸੀਨ ਨਦੀ ਦੇ ਕੰਡੇ ਤੇ ਹੋਏ ਉਦਘਾਟਨੀ ਸਮਾਗਮ ਨੇ, ਸਾਰਿਆਂ ਦਾ ਮਨ ਮੋਹ ਲਿਆ। ਆਤਿਸ਼ਬਾਜ਼ੀ ਦਾ ਨਜ਼ਾਰਾ ਵੇਖਦਿਆਂ ਹੀ ਬਣਦਾ ਸੀ। ਅਗਲੇ 16 ਦਿਨਾਂ ਵਿੱਚ 32 ਖੇਡਾਂ ਲਈ ਮੁਕਾਬਲੇ ਵੇਖਣ ਨੂੰ ਮਿਲਣਗੇ।